8-Dec.-Page-BNL.qxd 08-Dec-24 9:23 PM Page 3

ਟੀ.ਬੀ. ਜਾਂਚ ਮੋਬਾਈਲ ਯੂਨਿਟ ਨੂੰ ਝੰਡੀ ਦੇ ਕੇ ਰਵਾਨਾ ਕਰਦੇ ਹੋਏ ਅਧਿਕਾਰੀ। ਅਜੀਤ ਤਸਵੀਰ

ਟੀ.ਬੀ. ਜਾਂਚ ਮੋਬਾਈਲ ਮੈਡੀਕਲ ਯੂਨਿਟ ਰਵਾਨਾ

ਬਰਨਾਲਾ, 8 ਦਸੰਬਰ (ਨਰਿੰਦਰ ਅਰੋੜਾ)-ਸਿਹਤ ਵਿਭਾਗ ਵਲੋਂ ਟੀ.ਬੀ. (ਤਪਦਿਕ) ਦੇ ਸ਼ੱਕੀ ਮਰੀਜ਼ਾਂ ਦੀ ਜਲਦੀ ਪਹਿਚਾਣ ਲਈ 7 ਦਸੰਬਰ ਤੋਂ ਨੇਸ਼ਨ ਵਾਈਡ 100 ਡੇ ਟੀ.ਬੀ. ਮੁਹਿੰਮ ਤਹਿਤ ਆਸ਼ਾ ਵਰਕਰਾਂ ਵਲੋਂ ਘਰ-ਘਰ ਜਾਣ ਦੀ ਸ਼ੁਰੂਆਤ ਕੀਤੀ ਗਈ ਹੈ ਤਾਂ ਜੋ ਤਪਦਿਕ ਦੇ ਮਰੀਜ਼ਾਂ ਦੀ ਜਲਦੀ ਪਹਿਚਾਣ ਅਤੇ ਜਲਦੀ ਇਲਾਜ ਕਰਕੇ ਇਸ ਬਿਮਾਰੀ 'ਤੇ ਛੇਤੀ ਕੰਟਰੋਲ ਕੀਤਾ ਜਾ ਸਕੇ ਅਤੇ ਸਿਹਤ ਵਿਭਾਗ ਬਰਨਾਲਾ ਵਲੋਂ ਟੀ.ਬੀ. ਜਾਂਚ ਮੋਬਾਈਲ ਮੈਡੀਕਲ ਯੂਨਿਟ ਜਿਸ ਨੂੰ ਕਿ ਸਿਵਲ ਸਰਜਨ ਬਰਨਾਲਾ ਡਾਕਟਰ ਬਲਦੇਵ ਸਿੰਘ ਵਲੋਂ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਗੱਲਬਾਤ ਕਰਦਿਆਂ ਡਾਕਟਰ ਬਲਦੇਵ ਸਿੰਘ ਅਤੇ ਐਸ.ਐਮ.ਓ. ਬਰਨਾਲਾ ਡਾਕਟਰ ਤਪਿੰਦਰ ਜੋਤ ਕੌਸ਼ਲ ਨੇ ਕਿਹਾ ਕਿ ਹਸਪਤਾਲ ਬਰਨਾਲਾ ਵਿਖੇ ਤਪਦਿਕ ਦੇ ਸ਼ੱਕੀ ਮਰੀਜ਼ਾਂ ਦੀ ਜਾਂਚ ਜਿਵੇਂ ਬਲਗ਼ਮ ਦੀ ਜਾਂਚ, ਛਾਤੀ ਦੇ ਐਕਸ-ਰੇ, ਸੀ.ਬੀ. ਨਾਟ ਟੈੱਸਟ ਤੇ ਡਾਕਟਰੀ ਸਲਾਹ ਇਲਾਜ ਬਿਲਕੁਲ ਮੁਫ਼ਤ ਕੀਤੇ ਜਾਂਦੇ ਹਨ ਅਤੇ ਦੱਸਿਆ ਕਿ ਟੀ.ਬੀ. ਦਾ ਇਲਾਜ ਸੰਭਵ ਹੈ। ਇਸ ਮੁਹਿੰਮ ਤਹਿਤ ਮੋਬਾਈਲ ਵੈਨ ਵਲੋਂ ਸ਼ੱਕੀ ਮਰੀਜ਼ਾਂ ਦੇ ਐਕਸ-ਰੇ ਅਤੇ ਬਲਗ਼ਮ ਦੀ ਜਾਂਚ ਘਰ-ਘਰ ਜਾ ਕੇ ਮੁਫ਼ਤ ਕੀਤੀ ਜਾਵੇਗੀ। ਜੇਕਰ ਕਿਸੇ ਵੀ ਵਿਅਕਤੀ ਨੂੰ ਦੋ ਹਫ਼ਤਿਆਂ ਜਾਂ ਉਸ ਤੋਂ ਵੱਧ ਲਗਾਤਾਰ ਖਾਂਸੀ, ਭਾਰ ਘਟਦਾ ਹੋਵੇ, ਬੁਖ਼ਾਰ ਜਾਂ ਭੁੱਖ ਘੱਟ ਲੱਗਦੀ ਹੋਵੇ ਤਾਂ ਉਸ ਨੂੰ ਟੀ.ਬੀ. ਦੀ ਸ਼ਿਕਾਇਤ ਹੋ ਸਕਦੀ ਹੈ। ਇਸ ਲਈ ਨੇੜੇ ਦੇ ਸਰਕਾਰੀ ਹਸਪਤਾਲ ਵਿਚ ਡਾਕਟਰੀ ਸਲਾਹ ਅਨੁਸਾਰ ਸਮੇਂ ਸਿਰ ਇਲਾਜ ਕਰਵਾਉਣਾ ਚਾਹੀਦਾ ਹੈ ਅਤੇ ਸਿਹਤ ਵਿਭਾਗ ਵਲੋਂ ਟੀ.ਬੀ. ਦਾ ਇਲਾਜ ਡਾਟਸ ਪ੍ਰਣਾਲੀ ਰਾਹੀਂ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ। ਟੀ.ਬੀ. ਦੇ ਮਰੀਜ਼ ਆਪਣੀ ਦਵਾਈ ਦਾ ਕੋਰਸ ਪੂਰਾ ਕਰਨ ਕਿਉਂਕਿ ਇਲਾਜ ਅਧੂਰਾ ਛੱਡਣ ਨਾਲ ਇਹ ਰੋਗ ਦੁਬਾਰਾ ਹੋ ਜਾਂਦਾ ਹੈ ਜੋ ਇਕ ਖ਼ਤਰਨਾਕ ਟੀ.ਬੀ.ਹੋਣ ਦਾ ਖ਼ਤਰਾ ਰਹਿੰਦਾ ਹੈ ਜਿਸ ਦੇ ਇਲਾਜ ਲਈ ਜ਼ਿਆਦਾ ਸਮਾਂ ਦਵਾਈ ਖਾਣੀ ਪੈਂਦੀ ਹੈ। ਇਸ ਮੌਕੇ ਡਾ: ਮੋਨਿਕਾ ਬਾਂਸਲ ਜ਼ਿਲ੍ਹਾ ਟੀ.ਬੀ. ਨੋਡਲ ਅਫ਼ਸਰ, ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਤੇ ਸੂਚਨਾ ਅਫ਼ਸਰ ਅਤੇ ਹਰਜੀਤ ਸਿੰਘ ਜ਼ਿਲ੍ਹਾ ਬੀ.ਸੀ. ਸੀ.ਕੋਆਰਡੀਨੇਟਰ, ਡਾ: ਅਮੋਲਦੀਪ ਕੌਰ ਮੈਡੀਕਲ ਅਫਸਰ, ਐਸ.ਟੀ.ਐਸ. ਜਯੋਤੀ ਸ਼ਰਮਾ, ਪ੍ਰਦੀਪ ਕੁਮਾਰ, ਸੁਖਵਿੰਦਰ ਸਿੰਘ ਅਤੇ ਰਕੇਸ਼ ਕੁਮਾਰ ਹਾਜ਼ਰ ਸਨ।

ਖਨੌਰੀ ਵਿਖੇ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਸਟੇਟ ਪਾਵਰਕਾਮ ਡਵੀਜ਼ਨ ਪਾਤੜਾਂ ਦੇ ਮੈਂਬਰ, ਰਾਜਦੇਵ ਬੇੜੀ ਅਤੇ ਨਿਰਮਲਾ ਦੇਵੀ ਨੂੰ ਸਨਮਾਨਿਤ ਕਰਦੇ ਹੋਏ। ਤਸਵੀਰ: ਬਲਵਿੰਦਰ ਸਿੰਘ ਥਿੰਦ

ਪੈਨਸ਼ਨਰ ਐਸੋਸੀਏਸ਼ਨ ਵਲੋਂ ਰਾਜਦੇਵ ਬੇੜੀ ਤੇ ਨਿਰਮਲਾ ਦੇਵੀ ਸਨਮਾਨਿਤ

ਖਨੌਰੀ, 8 ਦਸੰਬਰ (ਬਲਵਿੰਦਰ ਸਿੰਘ ਥਿੰਦ) - ਪੈਨਸ਼ਨਰ ਐਸੋਸੀਏਸ਼ਨ ਪੰਜਾਬ ਸਟੇਟ ਪਾਵਰਕਾਮ ਡਵੀਜ਼ਨ ਪਾਤੜਾਂ ਦੀ ਸਬ ਯੂਨਿਟ ਖਨੌਰੀ ਦੀ ਮੀਟਿੰਗ ਜਰਨਲ ਕੌਂਸਲ ਡਿਵੀਜ਼ਨ ਪ੍ਰਧਾਨ ਸਾਥੀ ਖਿਆਲੀ ਰਾਮ ਦੀ ਪ੍ਰਧਾਨਗੀ ਹੇਠ ਹੋਈ। ਇਸ ਮਹੀਨਾ ਵਾਰ ਹੋਈ ਮੀਟਿੰਗ ਵਿਚ ਪੈਨਸ਼ਨਰ ਸਾਥੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਤੇ 70 ਸਾਲਾ ਸਾਥੀ ਰਾਜਦੇਵ ਬੇੜੀ ਨੂੰ ਅਤੇ 70 ਸਾਲਾ ਨਿਰਮਲਾ ਦੇਵੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਡਵੀਜ਼ਨ ਪ੍ਰਧਾਨ ਖਿਆਲੀ ਰਾਮ, ਡਵੀਜ਼ਨ ਸੀਨੀਅਰ ਮੀਤ ਪ੍ਰਧਾਨ ਸਾਥੀ ਬਲਵਿੰਦਰ ਸਿੰਘ, ਜਰਨੈਲ ਸਿੰਘ ਸੀਨੀਅਰ ਆਗੂ, ਰਣਵੀਰ ਸਿੰਘ ਖ਼ਜ਼ਾਨਚੀ ਨੇ ਆਪਣੇ ਵਿਚਾਰ ਪੇਸ਼ ਕੀਤੇ ਅਤੇ ਸਰਕਾਰ ਤੋਂ ਮੰਗ ਕੀਤੀ ਗਈ ਕਿ ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਅਤੇ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ। ਮੈਡੀਕਲ ਕੈਸ਼ਲੈਸ ਸਕੀਮ ਵੀ ਲਾਗੂ ਕੀਤੀ ਜਾਵੇ 23 ਸਾਲਾ ਸਕੇਲ ਬਿਨਾਂ ਸ਼ਰਤ ਲਾਗੂ ਕੀਤਾ ਜਾਵੇ ਅਤੇ ਹੋਰ ਵੀ ਜੋ ਪੱਤਰ ਵਿਚ ਮੰਗਾਂ ਹਨ ਉਹ ਵੀ ਲਾਗੂ ਕੀਤੀਆਂ ਜਾਣ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਡਿਵੀਜ਼ਨ ਸਕੱਤਰ ਸਤਪਾਲ ਸ਼ਰਮਾ ਨੇ ਨਿਭਾਈ।

ਭਵਾਨੀਗੜ੍ਹ ਵਿਖੇ ਗੱਲਬਾਤ ਕਰਦੇ ਹੋਏ ਸਾਬਕਾ ਮੰਤਰੀ ਬਲਦੇਵ ਸਿੰਘ ਮਾਨ ਅਤੇ ਹੋਰ। ਤਸਵੀਰ: ਰਣਧੀਰ ਸਿੰਘ ਫੱਗੂਵਾਲਾ

ਚੌੜਾ ਦੀ ਤਸਵੀਰ ਲਗਾਉਣ ਬਾਰੇ ਕਹਿਣ ਨਾਲ ਕੇਂਦਰੀ ਮੰਤਰੀ ਬਿੱਟੂ ਦੀ ਸੋੜੀ ਸੋਚ ਸਾਹਮਣੇ ਆਈ

ਭਵਾਨੀਗੜ੍ਹ, 8 ਦਸੰਬਰ (ਰਣਧੀਰ ਸਿੰਘ ਫੱਗੂਵਾਲਾ)- ਸੁਖਬੀਰ ਸਿੰਘ ਬਾਦਲ 'ਤੇ ਹਮਲਾ ਕਰਨ ਵਾਲੇ ਨਰਾਇਣ ਸਿੰਘ ਚੌੜਾ ਦੀ ਤਸਵੀਰ ਅਕਾਲੀ ਦਲ ਦੇ ਦਫ਼ਤਰ ਲਗਾਉਣ ਬਾਰੇ ਕਹਿਣ ਨਾਲ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਸੋੜੀ ਸੋਚ ਲੋਕਾਂ ਸਾਹਮਣਾ ਆਈ ਹੈ। ਇਹ ਵਿਚਾਰ ਸਾਬਕਾ ਮੰਤਰੀ ਬਲਦੇਵ ਸਿੰਘ ਮਾਨ ਨੇ ਸਥਾਨਕ ਸ਼ਹਿਰ ਵਿਖੇ ਗੱਲਬਾਤ ਕਰਦਿਆਂ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਰਵਨੀਤ ਸਿੰਘ ਬਿੱਟੂ ਦਾ ਕਹਿਣਾ ਹੈ, ਕਿ ਇਹ ਹਮਲਾ ਨਰਾਇਣ ਸਿੰਘ ਚੌੜਾ ਨੇ ਬੇਅਦਬੀਆਂ ਦਾ ਬਦਲਾ ਲੈਣ ਦਾ ਭਾਵਨਾ ਨਾਲ ਕੀਤਾ ਹੈ, ਜਿਸ ਕਰਕੇ ਉਨ੍ਹਾਂ ਉਸ ਦੀ ਫੋਟੋ ਅਕਾਲੀ ਦਲ ਨੇ ਦਫ਼ਤਰ ਲਗਾਉਣੀ ਚਾਹੀਦੀ ਹੈ। ਸ: ਮਾਨ ਨੇ ਕਿਹਾ ਕਿ ਫ਼ਿਰ ਤਾਂ ਬਿੱਟੂ ਨੂੰ ਵੀ ਬੇਅੰਤ ਸਿੰਘ ਨੂੰ ਮਾਰਨ ਵਾਲੇ ਭਾਈ ਦਿਲਾਵਰ ਸਿੰਘ ਦੀ ਫੋਟੋ ਆਪਣੇ ਘਰ ਲਗਾਉਣੀ ਚਾਹੀਦੀ ਹੈ, ਕਿਉਂਕਿ ਉਸ ਨੇ ਵੀ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਦੇ ਕਤਲਾਂ ਦੀ ਭਾਵਨਾ ਨੂੰ ਲੈ ਕੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦਾ ਕਤਲ ਕੀਤਾ ਸੀ। ਇਸ ਮੌਕੇ 'ਤੇ ਹਰਵਿੰਦਰ ਸਿੰਘ ਕਾਕੜਾ, ਜਥੇਦਾਰ ਇੰਦਰਜੀਤ ਸਿੰਘ ਤੂਰ, ਨਿਰਮਲ ਸਿੰਘ ਭਡੜੇ ਸਾਬਕਾ ਸ਼੍ਰੋਮਣੀ ਕਮੇਟੀ ਮੈਂਅਰ ਅਤੇ ਹੋਰ ਆਗੂ ਹਾਜ਼ਰ ਸਨ।

ਮੀਟਿੰਗ ਕਰਨ ਉਪਰੰਤ ਜਾਣਕਾਰੀ ਦਿੰਦੇ ਹੋਏ ਨੌਜਵਾਨ। ਤਸਵੀਰ: ਸੁਨੀਲ ਗਰਗ

ਸ਼ਹੀਦਾਂ ਦੀ ਯਾਦ 'ਚ ਖ਼ੂਨਦਾਨ ਕੈਂਪ 14 ਨੂੰ

ਕੌਹਰੀਆਂ, 8 ਦਸੰਬਰ (ਸੁਨੀਲ ਕੁਮਾਰ ਗਰਗ) - ਸਥਾਨਕ ਕਸਬਾ ਕੌਹਰੀਆਂ ਵਿਖੇ ਬਾਬਾ ਸੁਜਾਨ ਗਿਰ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀ ਕੌਹਰੀਆਂ ਵੱਲੋਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਨਿੱਘੀ ਯਾਦ ਵਿੱਚ ਵਿਸ਼ਾਲ ਖ਼ੂਨ ਦਾਨ ਕੈਂਪ 14 ਦਸੰਬਰ ਨੂੰ ਸਮਾਧ ਬਾਬਾ ਸੁਜਾਨ ਗਿਰ ਵਿਖੇ ਲਗਾਇਆ ਜਾ ਰਿਹਾ ਹੈ। ਪੰਚਾਇਤ ਮੈਂਬਰ ਕੁਲਵੀਰ ਸਿੰਘ ਮੰਗੂ ਪੰਚ, ਛੱਜੂ ਸਿੰਘ ਪੰਚ, ਜੱਗਾ ਸਿੰਘ ਪੰਚ, ਮੱਖਣ ਸਿੰਘ ਪੰਚ ਆਦਿ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਵਿੱਚ ਸਰਦਾਰ ਚਿਤਵੰਤ ਸਿੰਘ ਕਲੱਬ, ਮਹਾਰਾਜਾ ਰਣਜੀਤ ਸਿੰਘ ਸਪੋਰਟਸ ਐਂਡ ਵੈਲਫੇਅਰ ਕਲੱਬ, ਸ਼੍ਰੀ ਗੁਰੂ ਰਵਿਦਾਸ ਯੂਥ ਕਲੱਬ, ਬਾਬਾ ਜੀਵਨ ਸਿੰਘ ਵੈਲਫੇਅਰ ਐਂਡ ਯੂਥ ਕਲੱਬ, ਗੁਰੂ ਵਾਲਮੀਕ ਕਲੱਬ, ਡਾਕਟਰ ਭੀਮ ਰਾਓ ਅੰਬੇਡਕਰ ਕਲੱਬ, ਦਸ਼ਮੇਸ਼ ਯੂਥ ਕਲੱਬ ਆਦਿ ਨੇ ਇਸ ਕੈਂਪ ਵਿੱਚ ਵੱਧ ਚੜ੍ਹ ਕੇ ਸਹਿਯੋਗ ਦੇਣ ਦੀ ਅਪੀਲ ਕੀਤੀ।

ਵਾਈ.ਐਸ.ਪੀ. ਸਪੋਰਟਸ ਐਵਾਰਡ ਸਮਾਰੋਹ ਕਰਵਾਇਆ

ਵਾਈ.ਐਸ. ਸਕੂਲ ਬਰਨਾਲਾ ਵਲੋਂ ਪਿੰਡ ਮਹਿਤਾ ਵਿਖੇ ਕਰਵਾਏ ਸਨਮਾਨ ਸਮਾਰੋਹ ਦੀ ਤਸਵੀਰ। ਅਜੀਤ ਤਸਵੀਰ

ਬਰਨਾਲਾ, 8 ਦਸੰਬਰ (ਅਸ਼ੋਕ ਭਾਰਤੀ)-ਵਾਈ.ਐਸ. ਪਬਲਿਕ ਸਕੂਲ ਬਰਨਾਲਾ ਵਲੋਂ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਦਾ ਜਸ਼ਨ ਮਨਾਉਣ ਲਈ ਪਿੰਡ ਮਹਿਤਾ ਵਿਖੇ ਇਕ ਪ੍ਰੇਰਨਾਦਾਇਕ ਖੇਡ ਸਮਾਰੋਹ ਕੀਤਾ ਗਿਆ। ਇਸ ਮੌਕੇ ਹਰਦੇਵ ਸਿੰਘ ਦੀ ਬੇਟੀ ਐਸ਼ਵੀਰ ਦਾ ਉਸ ਦੀ ਖੇਡ ਪ੍ਰਤੀ ਮਿਹਨਤ ਲਈ ਸਨਮਾਨ ਕਰਨਾ ਸੀ, ਜਿਸ ਨੇ ਨੈੱਟਬਾਲ ਵਿਚ ਰਾਜ ਪੱਧਰ 'ਤੇ ਗੋਲਡ ਮੈਡਲ ਜਿੱਤ ਕੇ ਸਕੂਲ ਅਤੇ ਪਿੰਡ ਦਾ ਨਾਂਅ ਰੌਸ਼ਨ ਕੀਤਾ। ਸਮੁੱਚਾ ਪਿੰਡ, ਉਸ ਦੇ ਮਾਪਿਆਂ ਅਤੇ ਪਿੰਡ ਮਹਿਤਾ ਦੇ ਸਰਪੰਚ ਸਿਕੰਦਰ ਸਿੰਘ, ਵਾਈ.ਐਸ. ਪਬਲਿਕ ਸਕੂਲ ਦੀ ਪ੍ਰਿੰਸੀਪਲ ਡਾ: ਅੰਜਿਤਾ ਦਹੀਆ ਦੀ ਹਾਜ਼ਰੀ ਵਿਚ ਐਸ਼ਵੀਰ ਕੌਰ ਨੂੰ ਪੁਰਸਕਾਰ ਭੇਟ ਕੀਤਾ ਅਤੇ ਵਿਦਿਆਰਥਣ ਦੀ ਮਿਹਨਤ, ਲਗਨ ਅਤੇ ਖੇਡ ਭਾਵਨਾ ਦੀ ਸ਼ਲਾਘਾ ਕੀਤੀ। ਇਸ ਮੌਕੇ ਪੰਚਾਇਤ ਮੈਂਬਰ ਗੁਰਜੰਟ ਸਿੰਘ, ਹਰਵਿੰਦਰ ਸਿੰਘ, ਪਰਗਟ ਸਿੰਘ, ਗੁਰਦੀਪ ਸਿੰਘ, ਬਿੱਟੂ ਸਿੰਘ, ਉੱਤਮ ਸਿੰਘ, ਜਸਪਾਲ ਸਿੰਘ, ਪਵਨ ਕੁਮਾਰ, ਮਿੱਠੂ ਸਿੰਘ, ਹਰਦੇਵ ਸਿੰਘ ਅਤੇ ਭੋਲਾ ਰਾਮ, ਸਾਬਕਾ ਸਰਪੰਚ ਜਰਨੈਲ ਸਿੰਘ, ਬੂਟਾ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ, ਦਰਸ਼ਨ ਸਿੰਘ, ਅਵਤਾਰ ਸਿੰਘ ਹਾਜ਼ਰ ਸਨ।

ਸਰਕਾਰੀ ਪ੍ਰਾਇਮਰੀ ਸਕੂਲ ਗਿੱਲ ਕੋਠੇ ਵਿਖੇ ਬਲਵਿੰਦਰ ਦਾਸ ਵਲੋਂ ਆਪਣੇ ਪੁੱਤਰ ਪਰਦੀਪ ਦਾਸ ਦੇ ਜਨਮ ਦਿਨ ਮੌਕੇ ਸਕੂਲ ਮੁਖੀ ਮਨਜੀਤ ਕੌਰ ਦੀ ਅਗਵਾਈ ਵਿਚ ਵਿਦਿਆਰਥੀਆਂ ਨੂੰ ਬੈਗ ਅਤੇ ਸਟੇਸ਼ਨਰੀ ਵੰਡਣ ਮੌਕੇ ਦੀ ਤਸਵੀਰ। ਤਸਵੀਰ : ਸੁਰੇਸ਼ ਗੋਗੀ

ਪਿੰਡ ਚੀਮਾ ਵਿਖੇ ਲਗਾਤਾਰ ਹੋ ਰਹੀਆਂ ਮੌਤਾਂ ਕਾਰਨ ਪਿੰਡ 'ਚ ਸੋਗ ਦੀ ਲਹਿਰ



ਸਾਬਕਾ ਸਰਪੰਚ ਨਛੱਤਰ ਸਿੰਘ ਕਲੇਰ ਦੀ ਤਸਵੀਰ।

ਟੱਲੇਵਾਲ, 8 ਦਸੰਬਰ (ਸੋਨੀ ਚੀਮਾ)- ਪਿੰਡ ਚੀਮਾ ਵਿਖੇ ਪਿਛਲੇ ਦੋ ਹਫ਼ਤਿਆਂ ਦੇ ਅੰਦਰ-ਅੰਦਰ ਅੱਧੀ ਦਰਜਨ ਤੋਂ ਵੱਧ ਹੋਈਆਂ ਮੌਤਾਂ ਕਾਰਨ ਪਿੰਡ ਵਿਚ ਸੋਗ ਦੀ ਲਹਿਰ ਹੈ। ਜ਼ਿਕਰਯੋਗ ਹੈ ਕਿ ਪਿਛਲੇ ਦੋ ਹਫ਼ਤਿਆਂ ਵਿਚ ਪਿੰਡ ਦੇ ਸਾਬਕਾ ਸਰਪੰਚ ਨਛੱਤਰ ਸਿੰਘ ਕਲੇਰ, ਵਿਜੇ ਕੁਮਾਰ ਕਾਨੂੰਨਗੋ, ਜੀਵਨ ਸੇਠ, ਨੌਜਵਾਨ ਯਾਦ ਸਿੰਘ, ਝੰਡੂ ਸਿੰਘ ਤੋਂ ਇਲਾਵਾ ਸੇਠ ਸੁਰਿੰਦਰ ਕੁਮਾਰ ਕਾਲਾ ਦੀ ਧਰਮ ਪਤਨੀ ਰੇਸ਼ਮਾ ਰਾਣੀ ਦੇ ਦਿਹਾਂਤ ਤੋਂ ਇਲਾਵਾ ਹੋਰ ਵੀ ਕਈ ਮੌਤਾਂ ਕੁੱਝ ਸਮੇਂ ਦੇ ਵੱਖਵੇ ਕਾਰਨ ਹੋ ਗਈਆਂ। ਜਿਸ ਕਾਰਨ ਪਿੰਡ ਵਿਚ ਸੋਗ ਦੀ ਲਹਿਰ ਪਾਈ ਜਾ ਰਹੀ ਹੈ।

ਖੇਡ ਮੇਲੇ 'ਚ ਹਰਿਆਣਾ ਦੇ ਗੱਭਰੂਆਂ ਦੀ ਝੰਡੀ

ਲੌਂਗੋਵਾਲ, 8 ਦਸੰਬਰ (ਵਿਨੋਦ ਸ਼ਰਮਾ) - ਬਾਬਾ ਹਰੀ ਦਾਸ ਸਪੋਰਟਸ ਕਲੱਬ ਵਲੋਂ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਮੰਡੇਰ ਖ਼ੁਰਦ ਵਲੋਂ ਕਰਵਾਇਆ ਤੀਜਾ ਸ਼ਾਨਦਾਰ ਕਬੱਡੀ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਸੰਪੰਨ ਹੋ ਗਿਆ ਹੈ। ਜਿਸ ਵਿਚ ਕਬੱਡੀ ਓਪਨ ਅਤੇ 62 ਕਿੱਲੋ ਭਾਰ ਵਰਗ ਦੇ ਮੁਕਾਬਲੇ ਕਰਵਾਏ ਗਏ। ਇਸ ਟੂਰਨਾਮੈਂਟ ਵਿਚ ਪੰਜਾਬ ਭਰ ਤੋਂ ਵੱਡੀ ਗਿਣਤੀ ਵਿਚ ਟੀਮਾਂ ਤੋਂ ਇਲਾਵਾ ਗਵਾਂਢੀ ਰਾਜ ਹਰਿਆਣਾ ਦੀਆਂ ਟੀਮਾਂ ਨੇ ਭਾਗ ਲਿਆ। ਇਸ ਦੌਰਾਨ ਕਬੱਡੀ ਓਪਨ ਦੇ ਫਸਵੇਂ ਫਾਈਨਲ ਮੁਕਾਬਲੇ ਵਿਚ ਹਰਿਆਣਾ ਰਾਜ ਦੇ ਪਿੰਡ ਲੁੱਧੜ ਦੀ ਟੀਮ ਨੇ ਖੀਵਾ ਖ਼ੁਰਦ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਪਿੰਡ ਖੀਵਾ ਖ਼ੁਰਦ ਦੇ ਗੱਭਰੂਆਂ ਨੂੰ ਦੂਜੇ ਸਥਾਨ 'ਤੇ ਸਬਰ ਕਰਨਾ ਪਿਆ। ਇਸੇ ਤਰ੍ਹਾਂ ਕਬੱਡੀ 62 ਕਿੱਲੋ 'ਚੋਂ ਨਾਨਕਸਰ ਚੀਮਾਂ ਪਹਿਲੇ ਸਥਾਨ ਤੇ ਅਤੇ ਪਿੰਡ ਸ਼ੇਰੋਂ ਦੂਜੇ ਸਥਾਨ ਤੇ ਰਿਹਾ। ਖੇਡ ਮੇਲੇ ਦੌਰਾਨ ਬਾਬਾ ਹਰੀਦਾਸ ਸਪੋਰਟਸ ਕਲੱਬ ਦੇ ਸਰਪ੍ਰਸਤ ਬਾਬਾ ਪੰਚਮ ਦਾਸ ਅਤੇ ਪ੍ਰਧਾਨ ਸੁਖਚੈਨ ਸਿੰਘ ਦੀ ਅਗਵਾਈ ਹੇਠ ਕਰਵਾਏ ਗਏ ਇਸ ਟੂਰਨਾਮੈਂਟ ਦੌਰਾਨ ਜਿੱਥੇ 50 ਤੋਂ ਵਧੇਰੇ ਟੀਮਾਂ ਨੇ ਸ਼ਮੂਲੀਅਤ ਕੀਤੀ ਉੱਥੇ ਹਜ਼ਾਰਾਂ ਦੀ ਗਿਣਤੀ ਵਿਚ ਖੇਡ ਪ੍ਰੇਮੀਆਂ ਨੇ ਪੁੱਜ ਕੇ ਟੂਰਨਾਮੈਂਟ ਦੀ ਰੌਣਕ ਨੂੰ ਵਧਾਇਆ। ਇਸ ਮੌਕੇ ਬੈਸਟ ਰੇਡਰ ਅਤੇ ਸਟੋਪਰ ਦਾ ਉਚੇਚਾ ਸਨਮਾਨ ਅਤੇ ਜੇਤੂ ਟੀਮਾਂ ਨੂੰ ਪ੍ਰਬੰਧਕਾਂ ਨੇ ਆਕਰਸ਼ਕ ਇਨਾਮਾਂ ਦੀ ਵੰਡ ਕੀਤੀ। ਇਸ ਮੌਕੇ ਬਿੱਟੂ ਸਿੰਘ ਸਰਪੰਚ, ਬਲਵੀਰ ਸਿੰਘ ਸਾਬਕਾ ਸਰਪੰਚ, ਲਾਡੀ, ਹਰਜੀਤ ਸਿੰਘ, ਅਮਰੀਕ ਸਿੰਘ, ਸੁਰਜੀਤ ਸਿੰਘ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

ਬਰਨਾਲਾ ਵਿਖੇ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੀ ਜ਼ਿਲ੍ਹਾ ਪੱਧਰੀ ਹੋਈ ਮੀਟਿੰਗ ਦੀ ਤਸਵੀਰ। ਅਜੀਤ ਤਸਵੀਰ

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੀ ਜ਼ਿਲ੍ਹਾ ਪੱਧਰੀ ਮੀਟਿੰਗ

ਬਰਨਾਲਾ, 8 ਦਸੰਬਰ (ਅਸ਼ੋਕ ਭਾਰਤੀ)- ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਬਰਨਾਲਾ ਦੀ ਜ਼ਿਲ੍ਹਾ ਕਮੇਟੀ ਦੀ ਅਹਿਮ ਮੀਟਿੰਗ ਸਕੂਲ ਆਫ਼ ਐਮੀਨੈਂਸ ਬਰਨਾਲਾ ਵਿਖੇ ਜ਼ਿਲ੍ਹਾ ਪ੍ਰਧਾਨ ਰਾਜੀਵ ਕੁਮਾਰ ਤੇ ਜਨਰਲ ਸਕੱਤਰ ਨਿਰਮਲ ਚੁਹਾਣਕੇ ਦੀ ਅਗਵਾਈ ਹੇਠ ਹੋਈ ਜਿਸ ਵਿਚ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਵਲੋਂ ਵਜ਼ੀਫ਼ਾ ਪ੍ਰੀਖਿਆ ਮੁੜ ਕਰਵਾਉਣ ਦਾ ਫ਼ੈਸਲਾ ਲਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੈਸ ਸਕੱਤਰ ਸੁਖਦੀਪ ਤਪਾ, ਸੂਬਾ ਕਮੇਟੀ ਮੈਂਬਰ ਰਾਜਿੰਦਰ ਗੁਰੂ, ਮੀਤ ਪ੍ਰਧਾਨ ਮਨਮੋਹਨ ਭੱਠਲ, ਵਿੱਤ ਸਕੱਤਰ ਲਖਵੀਰ